Tape/CD: 1305

# ਪੰਨਾ ੮੧੩

ਬਿਲਾਵਲੁ ਮਹਲਾ ੫ ॥ ਮਹਾ ਤਪਤਿ ਤੇ ਭਈ ਸਾਂਤਿ ਪਰਸਤ ਪਾਪ ਨਾਠੇ ॥ ਅੰਧ ਕੂਪ ਮਹਿ ਗਲਤ ਥੇ ਕਾਢੇ ਦੇ ਹਾਥੇ ॥ ੧ ॥ ਓਇ ਹਮਾਰੇ ਸਾਜਨਾ ਹਮ ਉਨ ਕੀ ਰੇਨ ॥ ਜਿਨ ਭੇਟਤ ਹੋਵਤ ਸੁਖੀ ਜੀਅ ਦਾਨੁ ਦੇਨ ॥ ੧ ॥ ਰਹਾਉ ॥ ਪਰਾ ਪੂਰਬਲਾ ਲੀਖਿਆ ਮਿਲਿਆ ਅਬ ਆਇ ॥ ਬਸਤ ਸੰਗਿ ਹਰਿ ਸਾਧ ਕੈ ਪੂਰਨ ਆਸਾਇ ॥ ੨ ॥ ਭੈ ਬਿਨਸੇ ਤਿਹੁ ਲੋਕ ਕੇ ਪਾਏ ਸੁਖ ਥਾਨ ॥ ਦਇਆ ਕਰੀ ਸਮਰਥ ਗੁਰਿ ਬਸਿਆ ਮਨਿ ਨਾਮ ॥ ੩ ॥ ਨਾਨਕ ਕੀ ਤੂ ਟੇਕ ਪ੍ਰਭ ਤੇਰਾ ਆਧਾਰ ॥ ਕਰਣ ਕਾਰਣ ਸਮਰਥ ਪ੍ਰਭ ਹਰਿ ਅਗਮ ਅਪਾਰ ॥ ੪ ॥ ੧੯ ॥ ੪੯ ॥

Tape/CD: 1305

# ਪੰਨਾ ੫੨੦

ਪਉੜੀ ॥ ਸਾ ਵੇਲਾ ਪਰਵਾਣੁ ਜਿਤੁ ਸਤਿਗੁਰੁ ਭੇਟਿਆ ॥
ਹੋਆ ਸਾਧੂ ਸੰਗੁ ਫਿਰਿ ਦੂਖ ਨ ਤੇਟਿਆ ॥ ਪਾਇਆ
ਨਿਹਚਲੁ ਥਾਨੁ ਫਿਰਿ ਗਰਭਿ ਨ ਲੇਟਿਆ ॥ ਨਦਰੀ
ਆਇਆ ਇਕੁ ਸਗਲ ਬ੍ਰਹਮੇਟਿਆ ॥ ਤਤੁ ਗਿਆਨੁ ਲਾਇ
ਧਿਆਨੁ ਦ੍ਰਿਸਟਿ ਸਮੇਟਿਆ ॥ ਸਭੋ ਜਪੀਐ ਜਾਪੁ ਜਿ ਮੁਖਹੁ
ਬੋਲੇਟਿਆ ॥ ਹੁਕਮੇ ਬੁਝਿ ਨਿਹਾਲੁ ਸੁਖਿ ਸੁਖੇਟਿਆ ॥
ਪਰਖਿ ਖਜਾਨੈ ਪਾਏ ਸੇ ਬਹੁੜਿ ਨ ਖੋਟਿਆ ॥ ੧੦ ॥

Tape/CD: 1305

## ਪੰਨਾ ੧੦੪

॥ ਮਾਝ ਮਹਲਾ ੫ ॥ ਸੁਣਿ ਸੁਣਿ ਜੀਵਾ ਸੋਇ ਤੁਮਾਰੀ ॥ ਤੂੰ ਪ੍ਰੀਤਮੁ ਠਾਕੁਰੁ ਅਤਿ ਭਾਰੀ ॥ ਤੁਮਰੇ ਕਰਤਬ ਤੁਮ ਹੀ ਜਾਣਹੁ ਤੁਮਰੀ ਓਟ ਗੋੁਪਾਲਾ ਜੀਉ ॥ ੧ ॥ ਗੁਣ ਗਾਵਤ ਮਨੁ ਹਰਿਆ ਹੋਵੈ ॥ ਕਥਾ ਸੁਣਤ ਮਲੁ ਸਗਲੀ ਖੋਵੈ ॥ ਭੇਟਤ ਸੰਗਿ ਸਾਧ ਸੰਤਨ ਕੈ ਸਦਾ ਜਪਉ ਦਇਆਲਾ ਜੀਉ ॥ ੨ ॥ ਪ੍ਰਭੁ ਅਪੁਨਾ ਸਾਸਿ ਸਾਸਿ ਸਮਾਰਉ ॥ ਇਹ ਮਤਿ ਗੁਰ ਪ੍ਰਸਾਦਿ ਮਨਿ ਧਾਰਉ ॥ ਤੁਮਰੀ ਕ੍ਰਿ ਪਾ ਤੇ ਹੋਇ ਪ੍ਰਗਾਸਾ ਸਰਬ ਮਇਆ ਪ੍ਰਤਿਪਾਲਾ ਜੀਉ ॥ ੩ ॥ ਸਤਿ ਸਤਿ ਸਤਿ ਪ੍ਰਭੁ ਸੋਈ ॥ ਸਦਾ ਸਦਾ ਸਦ ਆਪੇ ਹੋਈ ॥ ਚਲਿਤ ਤੁਮਾਰੇ ਪ੍ਰਗਟ ਪਿਆਰੇ ਦੇਖਿ ਨਾਨਕ ਭਏ ਨਿਹਾਲਾ ਜੀਉ ॥ ੪ ॥ ੨੯ ॥ ੩੬ ॥